**ਤੁਖਾਰੀ ਛੰਤ ਮਹਲਾ ੪ ੴ ਸਤਿਗੁਰ ਪ੍ਰਸਾਦਿ ॥ ਅੰਤਰਿ ਪਿਰੀ ਪਿਆਰੁ ਕਿਉ ਪਿਰ ਬਿਨੁ ਜੀਵੀਐ ਰਾਮ ॥ ਜਬ ਲਗੁ ਦਰਸੁ ਨ ਹੋਇ ਕਿਉ ਅੰਮ੍ਰਿਤੁ ਪੀਵੀਐ ਰਾਮ ॥ ਕਿਉ ਅੰਮ੍ਰਿਤੁ ਪੀਵੀਐ ਹਰਿ ਬਿਨੁ ਜੀਵੀਐ ਤਿਸੁ ਬਿਨੁ ਰਹਨੁ ਨ ਜਾਏ ॥ ਅਨਦਿਨੁ ਪ੍ਰਿਉ ਪ੍ਰਿਉ ਕਰੇ ਦਿਨੁ ਰਾਤੀ ਪਿਰ ਬਿਨੁ ਪਿਆਸ ਨ ਜਾਏ ॥ ਅਪਣੀ ਕ੍ਰਿਪਾ ਕਰਹੁ ਹਰਿ ਪਿਆਰੇ ਹਰਿ ਹਰਿ ਨਾਮੁ ਸਦ ਸਾਰਿਆ ॥ ਗੁਰ ਕੈ ਸਬਦਿ ਮਿਲਿਆ ਮੈ ਪ੍ਰੀਤਮੁ ਹਉ ਸਤਿਗੁਰ ਵਿਟਹੁ ਵਾਰਿਆ ॥੧॥** {ਪੰਨਾ 1113}

ਪਦਅਰਥ:- ਅੰਤਰਿ—ਅੰਦਰ, ਮੇਰੇ ਅੰਦਰ, ਮੇਰੇ ਹਿਰਦੇ ਵਿਚ। ਪਿਰੀ—ਪਿਰ ਦਾ, ਪ੍ਰਭੂ-ਪਤੀ ਦਾ। ਕਿਉ ਜੀਵੀਐ—ਕਿਵੇਂ ਜੀਵਿਆ ਜਾ ਸਕਦਾ ਹੈ? ਆਤਮਕ ਜੀਵਨ ਪ੍ਰਾਪਤ ਨਹੀਂ ਹੋ ਸਕਦਾ। ਜਬ ਲਗੁ—ਜਦੋਂ ਤਕ। ਦਰਸੁ—ਦਰਸਨ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਕਿਉ ਪੀਵੀਐ—ਨਹੀਂ ਪੀਤਾ ਜਾ ਸਕਦਾ। ਹਰਿ ਬਿਨੁ ਜੀਵੀਐ—(ਕਿਉ) ਹਰਿ ਬਿਨੁ ਜੀਵੀਐ, ਪ੍ਰਭੂ-ਮਿਲਾਪ ਤੋਂ ਬਿਨਾ ਆਤਮਕ ਜੀਵਨ ਨਹੀਂ ਮਿਲ ਸਕਦਾ। ਰਹਨੁ ਨ ਜਾਇ—ਰਿਹਾ ਨਹੀਂ ਜਾ ਸਕਦਾ, ਸ਼ਾਂਤੀ ਨਹੀਂ ਮਿਲਦੀ। ਅਨਦਿਨੁ—ਹਰ ਰੋਜ਼, ਹਰ ਵੇਲੇ। ਪ੍ਰਿਉ ਪ੍ਰਿਉ ਕਰੇ—ਪਿਆਰੇ (ਪ੍ਰਭੂ) ਨੂੰ ਮੁੜ ਮੁੜ ਯਾਦ ਕਰਦੀ ਹੈ। ਪਿਆਸ—ਤ੍ਰਿਸ਼ਨਾ, ਮਾਇਆ ਦੀ ਤ੍ਰਿਸ਼ਨਾ (ਜਿਵੇਂ ਸ੍ਵਾਂਤੀ ਨਛੱਤ੍ਰ ਦੀ ਵਰਖਾ-ਬੂੰਦ ਤੋਂ ਬਿਨਾ ਪਪੀਹੇ ਦੀ ਪਿਆਸ ਨਹੀਂ ਬੁੱਝਦੀ)।

ਕਰਹੁ—ਕਰਦੇ ਹੋ। ਹਰਿ ਪਿਆਰੇ—ਹੇ ਪਿਆਰੇ ਹਰੀ! ਸਦ—ਸਦਾ। ਸਾਰਿਆ—ਸੰਭਾਲਿਆ ਹੈ, ਯਾਦ ਕੀਤਾ ਹੈ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਮੈ—ਮੈਨੂੰ। ਹਉ—ਮੈਂ। ਵਿਟਹੁ—ਤੋਂ। ਵਾਰਿਆ—ਕੁਰਬਾਨ।1।

ਅਰਥ:- (ਹੇ ਸਖੀਏ!) ਮੇਰੇ ਹਿਰਦੇ ਵਿਚ ਪ੍ਰਭੂ-ਪਤੀ ਦਾ ਪਿਆਰ ਵੱਸ ਰਿਹਾ ਹੈ। ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਆਤਮਕ ਜੀਵਨ (ਕਦੇ) ਨਹੀਂ ਮਿਲ ਸਕਦਾ। (ਹੇ ਸਖੀ!) ਜਦੋਂ ਤਕ ਪ੍ਰਭੂ-ਪਤੀ ਦਾ ਦਰਸ਼ਨ ਨਹੀਂ ਹੁੰਦਾ, (ਤਦ ਤਕ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਤਾ ਨਹੀਂ ਜਾ ਸਕਦਾ।

(ਹੇ ਸਖੀ! ਪ੍ਰਭੂ-ਪਤੀ ਦੇ ਦਰਸਨ ਤੋਂ ਬਿਨਾ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਕਦੇ ਭੀ) ਪੀਤਾ ਨਹੀਂ ਜਾ ਸਕਦਾ, ਪ੍ਰਭੂ-ਪਤੀ ਦੀ ਯਾਦ ਤੋਂ ਬਿਨਾ ਆਤਮਕ ਜੀਵਨ ਨਹੀਂ ਮਿਲ ਸਕਦਾ, ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਆਤਮਕ ਸ਼ਾਂਤੀ ਨਹੀਂ ਮਿਲ ਸਕਦੀ। (ਹੇ ਸਖੀ! ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ-ਪਤੀ ਦਾ ਪਿਆਰ ਵੱਸਦਾ ਹੈ, ਉਹ) ਹਰ ਵੇਲੇ ਦਿਨ ਰਾਤ ਪ੍ਰਭੂ-ਪਤੀ ਨੂੰ ਮੁੜ ਮੁੜ ਯਾਦ ਕਰਦੀ ਰਹਿੰਦੀ ਹੈ। (ਹੇ ਸਖੀ!) ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ (ਮਾਇਆ ਦੀ) ਤ੍ਰਿਸ਼ਨਾ ਦੂਰ ਨਹੀਂ ਹੁੰਦੀ (ਜਿਵੇਂ ਸ੍ਵਾਂਤੀ ਨਛੱਤ੍ਰ ਦੀ ਵਰਖਾ-ਬੂੰਦ ਤੋਂ ਬਿਨਾ ਪਪੀਹੇ ਦੀ ਪਿਆਸ ਨਹੀਂ ਮਿਟਦੀ)।

ਹੇ ਪਿਆਰੇ ਹਰੀ! (ਜਿਸ ਜੀਵ ਉੱਤੇ) ਤੂੰ ਆਪਣੀ ਮਿਹਰ ਕਰਦਾ ਹੈਂ, ਉਹ ਹਰ ਵੇਲੇ ਹਰਿ-ਨਾਮ ਨੂੰ (ਆਪਣੇ ਹਿਰਦੇ ਵਿਚ) ਵਸਾਈ ਰੱਖਦਾ ਹੈ।

ਹੇ ਭਾਈ! ਮੈਂ (ਆਪਣੇ) ਗੁਰੂ ਤੋਂ ਸਦਾ ਸਦਕੇ ਹਾਂ, (ਕਿਉਂਕਿ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮੈਨੂੰ (ਭੀ) ਪ੍ਰਭੂ-ਪ੍ਰੀਤਮ ਮਿਲ ਪਿਆ ਹੈ।1।

**ਜਬ ਦੇਖਾਂ ਪਿਰੁ ਪਿਆਰਾ ਹਰਿ ਗੁਣ ਰਸਿ ਰਵਾ ਰਾਮ ॥ ਮੇਰੈ ਅੰਤਰਿ ਹੋਇ ਵਿਗਾਸੁ ਪ੍ਰਿਉ ਪ੍ਰਿਉ ਸਚੁ ਨਿਤ ਚਵਾ ਰਾਮ ॥ ਪ੍ਰਿਉ ਚਵਾ ਪਿਆਰੇ ਸਬਦਿ ਨਿਸਤਾਰੇ ਬਿਨੁ ਦੇਖੇ ਤ੍ਰਿਪਤਿ ਨ ਆਵਏ ॥ ਸਬਦਿ ਸੀਗਾਰੁ ਹੋਵੈ ਨਿਤ ਕਾਮਣਿ ਹਰਿ ਹਰਿ ਨਾਮੁ ਧਿਆਵਏ ॥ ਦਇਆ ਦਾਨੁ ਮੰਗਤ ਜਨ ਦੀਜੈ ਮੈ ਪ੍ਰੀਤਮੁ ਦੇਹੁ ਮਿਲਾਏ ॥ ਅਨਦਿਨੁ ਗੁਰੁ ਗੋਪਾਲੁ ਧਿਆਈ ਹਮ ਸਤਿਗੁਰ ਵਿਟਹੁ ਘੁਮਾਏ ॥ ੨॥**
{ਪੰਨਾ 1114}

ਪਦਅਰਥ:- ਦੇਖਾਂ—ਮੈਂ ਵੇਖਦੀ ਹਾਂ। ਪਿਰੁ—ਪਤੀ। ਰਸਿ—ਰਸ ਨਾਲ, ਸੁਆਦ ਨਾਲ। ਰਵਾ—ਰਵਾਂ, ਮੈਂ ਯਾਦ ਕਰਦੀ ਹਾਂ। ਮੇਰੈ ਅੰਤਰਿ—ਮੇਰੇ ਅੰਦਰ, ਮੇਰੇ ਹਿਰਦੇ ਵਿਚ। ਵਿਗਾਸੁ—ਖਿੜਾਉ, ਖ਼ੁਸ਼ੀ। ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ! ਨਿਤ—ਸਦਾ। ਚਵਾ—ਚਵਾਂ, ਮੈਂ ਉਚਾਰਦੀ ਹਾਂ।

ਪ੍ਰਿਉ ਚਵਾ ਪਿਆਰੇ—ਪਿਆਰੇ ਪਤੀ ਨੂੰ ਯਾਦ ਕਰਦੀ ਹਾਂ। ਸਬਦਿ—ਗੁਰੂ ਦੇ ਸ਼ਬਦ ਵਿਚ (ਜੋੜ ਕੇ)। ਨਿਸਤਾਰੇ—(ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ। ਤ੍ਰਿਪਤਿ—(ਮਾਇਆ ਦੀ ਭੁੱਖ ਵੱਲੋਂ) ਰਜੇਵਾਂ। ਆਵਏ—ਆਵੈ, ਆਉਂਦੀ। ਕਾਮਨਿ—(ਜੀਵ-) ਇਸਤ੍ਰੀ। ਧਿਆਵਏ—ਧਿਆਵੈ, ਧਿਆਉਂਦੀ ਹੈ।

ਮੰਗਤ ਜਨ ਦੀਜੈ—ਮੰਗਤੇ ਦਾਸ ਨੂੰ ਦੇਹੁ। ਮੈ—ਮੈਨੂੰ। ਦੇਹੁ ਮਿਲਾਏ—ਮਿਲਾ ਦੇਹ। ਅਨਦਿਨੁ—ਹਰ ਰੋਜ਼, ਹਰ ਵੇਲੇ। ਗੋਪਾਲੁ—{ਗੋ—ਸ੍ਰਿਸ਼ਟੀ} ਸ੍ਰਿਸ਼ਟੀ ਨੂੰ ਪਾਲਣ ਵਾਲਾ। ਧਿਆਈ—ਧਿਆਈਂ, ਮੈਂ ਧਿਆਉਂਦਾ ਹਾਂ। ਵਿਟਹੁ—ਤੋਂ। ਘੁਮਾਏ—ਘੁਮਾਈ, ਸਦਕੇ, ਕੁਰਬਾਨ।2।

ਅਰਥ:- ਹੇ ਸਖੀ! ਜਦੋਂ ਮੈਂ ਪਿਆਰੇ ਪ੍ਰਭੂ-ਪਤੀ ਦਾ ਦਰਸਨ ਕਰਦੀ ਹਾਂ, ਤਦੋਂ ਮੈਂ ਬੜੇ ਸੁਆਦ ਨਾਲ ਉਸ ਹਰੀ ਦੇ ਗੁਣ ਯਾਦ ਕਰਦੀ ਹਾਂ, ਮੇਰੇ ਹਿਰਦੇ ਵਿਚ ਖਿੜਾਉ ਪੈਦਾ ਹੋ ਜਾਂਦਾ ਹੈ। (ਤਾਹੀਏਂ, ਹੇ ਸਖੀ!) ਉਸ ਸਦਾ ਕਾਇਮ ਰਹਿਣ ਵਾਲੇ ਪਿਆਰੇ ਪ੍ਰਭੂ ਦਾ ਨਾਮ ਮੈਂ ਸਦਾ ਉਚਾਰਦੀ ਰਹਿੰਦੀ ਹਾਂ।

ਹੇ ਸਖੀ! ਮੈਂ ਪਿਆਰੇ ਪ੍ਰੀਤਮ ਦਾ ਨਾਮ (ਸਦਾ) ਉਚਾਰਦੀ ਹਾਂ। ਉਹ ਪ੍ਰੀਤਮ-ਪ੍ਰਭੂ ਗੁਰੂ ਦੇ ਸ਼ਬਦ ਦੀ ਰਾਹੀਂ (ਜੀਵ-ਇਸਤ੍ਰੀ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ। (ਹੇ ਸਖੀ! ਉਸ ਪ੍ਰੀਤਮ ਦਾ) ਦਰਸਨ ਕਰਨ ਤੋਂ ਬਿਨਾ (ਮਾਇਆ ਵਲੋਂ) ਤ੍ਰਿਪਤੀ ਨਹੀਂ ਹੁੰਦੀ। ਹੇ ਸਖੀ! ਗੁਰੂ ਦੇ ਸ਼ਬਦ ਦੀ ਰਾਹੀਂ ਜਿਸ ਜੀਵ-ਇਸਤ੍ਰੀ ਦਾ (ਆਤਮਕ) ਸਿੰਗਾਰ ਬਣਿਆ ਰਹਿੰਦਾ ਹੈ (ਭਾਵ, ਜਿਸ ਦਾ ਹਿਰਦਾ ਪਵਿੱਤਰ ਹੋ ਜਾਂਦਾ ਹੈ) ਉਹ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਦੀ ਰਹਿੰਦੀ ਹੈ।

ਹੇ ਭਾਈ! ਮੈਂ ਆਪਣੇ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ, ਹਰ ਵੇਲੇ ਪ੍ਰਭੂ ਦੇ ਰੂਪ ਗੁਰੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹਾਂ (ਤੇ ਗੁਰੂ ਦੇ ਦਰ ਤੇ ਨਿੱਤ ਅਰਦਾਸ ਕਰਦਾ ਹਾਂ—ਹੇ ਗੁਰੂ!) ਦਇਆ ਕਰ, ਮੈਨੂੰ ਆਪਣੇ ਮੰਗਤੇ ਦਾਸ ਨੂੰ ਇਹ ਦਾਨ ਦੇਹ ਕਿ ਮੈਨੂੰ ਪ੍ਰੀਤਮ-ਪ੍ਰਭੂ ਮਿਲਾ ਦੇਹ।2।

**ਹਮ ਪਾਥਰ ਗੁਰੁ ਨਾਵ ਬਿਖੁ ਭਵਜਲੁ ਤਾਰੀਐ ਰਾਮ ॥ ਗੁਰ ਦੇਵਹੁ ਸਬਦੁ ਸੁਭਾਇ ਮੈ ਮੂੜ ਨਿਸਤਾਰੀਐ ਰਾਮ ॥ ਹਮ ਮੂੜ ਮੁਗਧ ਕਿਛੁ ਮਿਤਿ ਨਹੀ ਪਾਈ ਤੂ ਅਗੰਮੁ ਵਡ ਜਾਣਿਆ ॥ ਤੂ ਆਪਿ ਦਇਆਲੁ ਦਇਆ ਕਰਿ ਮੇਲਹਿ ਹਮ ਨਿਰਗੁਣੀ ਨਿਮਾਣਿਆ ॥ ਅਨੇਕ ਜਨਮ ਪਾਪ ਕਰਿ ਭਰਮੇ ਹੁਣਿ ਤਉ ਸਰਣਾਗਤਿ ਆਏ ॥ ਦਇਆ ਕਰਹੁ ਰਖਿ ਲੇਵਹੁ ਹਰਿ ਜੀਉ ਹਮ ਲਾ ਗਹ ਸਤਿਗੁਰ ਪਾਏ ॥੩॥** {ਪੰਨਾ 1114}

ਪਦਅਰਥ:- ਹਮ—ਅਸੀਂ ਜੀਵ। ਪਾਥਰ—ਪੱਥਰ {ਬਹੁ-ਵਚਨ}। ਨਾਵ—ਬੇੜੀ। ਬਿਖੁ—ਜ਼ਹਰ, ਆਤਮਕ ਮੌਤ ਲਿਆਉਣ ਵਾਲਾ ਜ਼ਹਰ। ਭਵਜਲੁ—ਸੰਸਾਰ-ਸਮੁੰਦਰ। ਤਾਰੀਐ—ਪਾਰ ਲੰਘਾ ਲੈ। ਗੁਰ ਸਬਦੁ—ਗੁਰੂ ਦਾ ਸ਼ਬਦ। ਸੁਭਾਇ—ਪਿਆਰ ਵਿਚ (ਜੋੜ ਕੇ)। ਮੈ—ਮੈਨੂੰ। ਮੂੜ—ਮੂਰਖ।

ਮੁਗਧ—ਮੂਰਖ, ਅਗਿਆਨੀ। ਮਿਤਿ—ਮਾਪ, ਤੇਰੀ ਮਿਤਿ, ਤੇਰਾ ਮਾਪ, ਤੂੰ ਕੇਡਾ ਵੱਡਾ ਹੈਂ—ਇਹ ਗੱਲ। ਅਗੰਮੁ—ਅਪਹੁੰਚ। ਵਡ—ਵੱਡਾ। ਦਰਿਆਲੁ—ਦਇਆ ਦਾ ਘਰ। ਕਰਿ—ਕਰ ਕੇ। ਨਿਰਗੁਣੀ—ਗੁਣ-ਹੀਨ। ਨਿਮਾਣਿਆ—ਨਿਆਸਰਿਆਂ ਨੂੰ। ਕਰਿ—ਕਰ ਕੇ। ਭਰਮੇ—ਭਟਕਦੇ ਰਹੇ। ਤਉ—ਤੇਰੀ। ਹਮ ਲਾਗਹ—ਅਸੀਂ ਲੱਗੇ ਰਹੀਏ। ਪਾਏ—ਪੈਰੀਂ।

ਅਰਥ:- ਹੇ ਪ੍ਰਭੂ! ਅਸੀਂ ਜੀਵ (ਪਾਪਾਂ ਨਾਲ ਭਾਰੇ ਹੋ ਚੁਕੇ) ਪੱਥਰ ਹਾਂ, ਗੁਰੂ ਬੇੜੀ ਹੈ। (ਸਾਨੂੰ ਜੀਵਾਂ ਨੂੰ ਗੁਰੂ ਦੀ

ਸਰਨ ਪਾ ਕੇ) ਆਤਮਕ ਮੌਤ ਲਿਆਉਣ ਵਾਲੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ। ਹੇ ਪ੍ਰਭੂ! ਆਪਣੇ ਪਿਆਰੇ ਵਿਚ (ਜੋੜ ਕੇ) ਗੁਰੂ ਦਾ ਸ਼ਬਦ ਦੇਹ, ਅਤੇ ਮੈਨੂੰ ਮੂਰਖ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ।

ਹੇ ਪ੍ਰਭੂ! ਅਸੀਂ ਜੀਵ ਮੂਰਖ ਹਾਂ, ਅਗਿਆਨੀ ਹਾਂ। ਤੂੰ ਕੇਡਾ ਵੱਡਾ ਹੈਂ—ਇਸ ਗੱਲ ਦੀ ਸਮਝ ਸਾਨੂੰ ਨਹੀਂ ਪੈ ਸਕਦੀ। (ਗੁਰੂ ਦੀ ਸਰਨ ਪੈ ਕੇ ਹੁਣ ਇਹ) ਸਮਝਿਆ ਹੈ ਕਿ ਤੂੰ ਅਪਹੁੰਚ ਹੈਂ, ਤੂੰ ਸਭ ਤੋਂ ਵੱਡਾ ਹੈਂ। ਹੇ ਪ੍ਰਭੂ! ਤੂੰ ਦਇਆ ਦਾ ਘਰ ਹੈਂ। ਸਾਨੂੰ ਗੁਣ-ਹੀਨ ਨਿਮਾਣੇ ਜੀਵਾਂ ਨੂੰ ਤੂੰ ਆਪ ਹੀ ਮਿਹਰ ਕਰ ਕੇ (ਆਪਣੇ ਚਰਨਾਂ ਵਿਚ) ਮਿਲਾਂਦਾ ਹੈਂ।

ਹੇ ਪ੍ਰਭੂ ਜੀ! ਪਾਪ ਕਰ ਕਰ ਕੇ ਅਸੀਂ ਅਨੇਕਾਂ ਜਨਮਾਂ ਵਿਚ ਭਟਕਦੇ ਰਹੇ ਹਾਂ, ਹੁਣ (ਤੇਰੀ ਮਿਹਰ ਨਾਲ) ਤੇਰੀ ਸਰਨ ਆਏ ਹਾਂ। ਹੇ ਹਰੀ ਜੀਉ! ਮਿਹਰ ਕਰੋ, ਰੱਖਿਆ ਕਰੋ ਕਿ ਅਸੀਂ ਗੁਰੂ ਦੀ ਚਰਨੀਂ ਲੱਗੇ ਰਹੀਏ।3।

**ਗੁਰ ਪਾਰਸ ਹਮ ਲੋਹ ਮਿਲਿ ਕੰਚਨੁ ਹੋਇਆ ਰਾਮ ॥ ਜੋਤੀ ਜੋਤਿ ਮਿਲਾਇ ਕਾਇਆ ਗੜੁ ਸੋਹਿਆ ਰਾਮ ॥ ਕਾਇਆ ਗੜੁ ਸੋਹਿਆ ਮੇਰੈ ਪ੍ਰਭਿ ਮੋਹਿਆ ਕਿਉ ਸਾਸਿ ਗਿਰਾਸਿ ਵਿਸਾਰੀਐ ॥ ਅਦ੍ਰਿਸਟੁ ਅਗੋਚਰੁ ਪਕੜਿਆ ਗੁਰ ਸਬਦੀ ਹਉ ਸਤਿਗੁਰ ਕੈ ਬਲਿਹਾਰੀਐ ॥ ਸਤਿਗੁਰ ਆਗੈ ਸੀਸੁ ਭੇਟ ਦੇਉ ਜੇ ਸਤਿਗੁਰ ਸਾਚੇ ਭਾਵੈ ॥ ਆਪੇ ਦਇਆ ਕਰਹੁ ਪ੍ਰਭ ਦਾਤੇ ਨਾਨਕ ਅੰਕਿ ਸਮਾਵੈ ॥ ੪॥੧॥**
{ਪੰਨਾ 1114}

ਪਦਅਰਥ:- ਲੋਹ—ਲੋਹਾ। ਮਿਲਿ—(ਗੁਰੂ-ਪਾਰਸ ਨੂੰ) ਮਿਲ ਕੇ। ਕੰਚਨੁ—ਸੋਨਾ। ਜੋਤੀ—ਪਰਮਾਤਮਾ ਦੀ ਜੋਤਿ ਵਿਚ। ਜੋਤਿ—ਜਿੰਦ। ਮਿਲਾਇ—ਮਿਲਾ ਕੇ। ਕਾਇਆ—ਸਰੀਰ। ਗੜੁ—ਕਿਲ੍ਹਾ। ਸੋਹਿਆ—ਸੋਹਣਾ ਬਣ ਗਿਆ ਹੈ।

ਪ੍ਰਭਿ—ਪ੍ਰਭੂ ਨੇ। ਮੋਹਿਆ—ਮੋਹ ਲਿਆ ਹੈ, ਆਪਣੇ ਪ੍ਰੇਮ ਵਿਚ ਜਕੜ ਲਿਆ ਹੈ। ਸਾਸਿ—(ਹਰੇਕ) ਸਾਹ ਦੇ ਨਾਲ। ਗਿਰਾਸਿ—(ਹਰੇਕ) ਗਿਰਾਹੀ ਦੇ ਨਾਲ। ਕਿਉ ਵਿਸਾਰੀਐ—ਨਹੀਂ ਵਿਸਾਰਨਾ ਚਾਹੀਦਾ। ਅਗੋਚਰੁ—{ਅ-ਗੋ-ਚਰੁ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਸਬਦੀ—ਸ਼ਬਦ ਦੀ ਰਾਹੀਂ। ਹਉ—ਹਉ, ਮੈਂ। ਕੈ—ਤੋਂ।

ਸੀਸੁ—ਸਿਰ। ਦੇਉ—ਦੇਉਂ, ਮੈਂ ਦੇ ਦਿਆਂ। ਭਾਵੈ—ਚੰਗਾ ਲੱਗੇ। ਪ੍ਰਭ—ਹੇ ਪ੍ਰਭੂ! ਦਾਤੇ—ਹੇ ਦਾਤਾਰ! ਅੰਕਿ—ਅੰਕ ਵਿਚ, ਗੋਦ ਵਿਚ, ਚਰਨਾਂ ਵਿਚ। ਸਮਾਵੈ—ਲੀਨ ਹੋ ਜਾਂਦਾ ਹੈ।4।

ਅਰਥ:- ਹੇ ਭਾਈ! ਗੁਰੂ ਪਾਸ ਪਾਰਸ ਹੈ ਅਸੀਂ ਜੀਵ ਲੋਹਾ ਹਾਂ, (ਜਿਵੇਂ ਲੋਹਾ ਪਾਰਸ ਨੂੰ) ਮਿਲ ਕੇ ਸੋਨਾ ਹੋ ਜਾਂਦਾ ਹੈ, (ਤਿਵੇਂ ਗੁਰੂ ਦੀ ਰਾਹੀਂ) ਪਰਮਾਤਮਾ ਦੀ ਜੋਤਿ ਵਿਚ (ਆਪਣੀ) ਜਿੰਦ ਮਿਲਾ ਕੇ (ਅਸਾਂ ਜੀਵਾਂ ਦਾ) ਸਰੀਰ-ਕਿਲ੍ਹਾ ਸੁੰਦਰ ਬਣ ਜਾਂਦਾ ਹੈ।

ਹੇ ਭਾਈ! (ਜਿਸ ਜੀਵ ਨੂੰ) ਮੇਰੇ ਪ੍ਰਭੂ ਨੇ ਆਪਣੇ ਪ੍ਰੇਮ ਵਿਚ ਜੋੜ ਲਿਆ, ਉਸ ਦਾ ਸਰੀਰ-ਕਿਲ੍ਹਾ ਸੋਹਣਾ ਹੋ ਜਾਂਦਾ ਹੈ, ਉਸ ਪ੍ਰਭੂ ਨੂੰ (ਹਰੇਕ) ਸਾਹ ਦੇ ਨਾਲ (ਹਰੇਕ) ਗਿਰਾਹੀ ਦੇ ਨਾਲ (ਯਾਦ ਰੱਖਣਾ ਚਾਹੀਦਾ ਹੈ, ਉਸ ਨੂੰ) ਕਦੇ ਭੀ ਭੁਲਾਣਾ ਨਹੀਂ ਚਾਹੀਦਾ। ਹੇ ਭਾਈ! ਮੈਂ ਉਸ ਅਦ੍ਰਿਸ਼ਟ ਅਗੋਚਰ (ਪਰਮਾਤਮਾ ਦੇ ਚਰਨਾਂ) ਨੂੰ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਆਪਣੇ ਹਿਰਦੇ ਵਿਚ ਵਸਾ ਲਿਆ ਹੈ। ਮੈਂ ਗੁਰੂ ਤੋਂ ਸਦਕੇ ਹਾਂ। ਹੇ ਭਾਈ! ਜੇ ਸਦਾ-ਥਿਰ ਪ੍ਰਭੂ ਦੇ ਰੂਪ ਗੁਰੂ ਨੂੰ ਚੰਗਾ ਲੱਗੇ, ਤਾਂ ਮੈਂ ਆਪਣਾ ਸਿਰ ਗੁਰੂ ਦੇ ਅੱਗੇ ਭੇਟ ਧਰ ਦਿਆਂ।

ਹੇ ਨਾਨਕ! (ਆਖ—) ਹੇ ਦਾਤਾਰ! ਹੇ ਪ੍ਰਭੂ! ਜਿਸ ਮਨੁੱਖ ਉੱਤੇ ਤੂੰ ਆਪ ਹੀ ਮਿਹਰ ਕਰਦਾ ਹੈਂ, ਉਹ ਤੇਰੇ ਚਰਨਾਂ ਵਿਚ ਲੀਨ ਹੋ ਜਾਂਦਾ ਹੈ।4।1।